ਗਉੜੀ ਮਹਲਾ ੫ ॥ ਹਰਿ ਸਿਮਰਤ ਸਭਿ ਮਿਟਹਿ ਕਲੇਸ ॥ ਚਰਣ ਕਮਲ ਮਨ ਮਹਿ ਪਰਵੇਸ ॥੧॥ ਉਚਰਹੁ ਰਾਮ ਨਾਮੁ ਲਖ ਬਾਰੀ ॥ ਅੰਮ੍ਰਿਤ ਰਸੁ ਪੀਵਹੁ ਪ੍ਰਭ ਪਿਆਰੀ ॥੧॥ ਰਹਾਉ ॥ ਸੂਖ ਸਹਜ ਰਸ ਮਹਾ ਅਨੰਦਾ ॥ ਜਪਿ ਜਪਿ ਜੀਵੇ ਪਰਮਾਨੰਦਾ ॥੨॥ ਕਾਮ ਕ੍ਰੋਧ ਲੋਭ ਮਦ ਖੋਏ ॥ ਸਾਧ ਕੈ ਸੰਗਿ ਕਿਲਬਿਖ ਸਭ ਧੋਏ ॥ ੩॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਨਾਨਕ ਦੀਜੈ ਸਾਧ ਰਵਾਲਾ ॥੪॥੭੫॥੧੪੪॥ {ਪੰਨਾ 194}

ਪਦਅਰਥ:- ਸਭਿ—ਸਾਰੇ। ਮਿਟਹਿ—ਮਿਟ ਜਾਂਦੇ ਹਨ। ਚਰਣ ਕਮਲ—ਕੌਲ ਫੁੱਲ ਵਰਗੇ ਸੋਹਣੇ ਚਰਨ। ਪਰਵੇਸ—ਟਿਕਾਈ ਰੱਖ।1।

ਲਖ ਬਾਰੀ—ਲੱਖਾਂ ਵਾਰੀ। ਪ੍ਰਭ—ਪ੍ਰਭੂ ਦਾ। ਪਿਆਰੀ—ਹੇ ਪਿਆਰੀ ਜੀਭ!।1। ਰਹਾਉ।

ਸਹਜ—ਆਤਮਕ ਅਡੋਲਤਾ। ਜਪਿ—ਜਪ ਕੇ। ਜੀਵੇ—ਆਤਮਕ ਜੀਵਨ ਪ੍ਰਾਪਤ ਕਰਦੇ ਹਨ। ਪਰਮਾਨੰਦਾ—ਸਭ ਤੋਂ ਉੱਚੇ ਆਤਮਕ ਆਨੰਦ ਦਾ ਮਾਲਕ-ਪ੍ਰਭੂ।2।

ਮਦ—ਅਹੰਕਾਰ। ਖੋਏ—ਨਾਸ ਕਰ ਲਏ। ਸੰਗਿ—ਸੰਗਤਿ ਵਿਚ। ਕਿਲਬਿਖ—ਪਾਪ।3।

ਕਰਿ ਕਿਰਪਾ—ਕਿਰਪਾ ਕਰ। ਪ੍ਰਭ—ਹੇ ਪ੍ਰਭੂ! ਰਵਾਲਾ—ਚਰਨ-ਧੂੜ।4।

ਅਰਥ:- ਹੇ ਪਿਆਰੀ ਜੀਭ! ਲੱਖਾਂ ਵਾਰੀ ਪਰਮਾਤਮਾ ਦਾ ਨਾਮ ਉਚਾਰਦੀ ਰਹੁ ਤੇ ਪਰਮਾਤਮਾ ਦਾ ਆਤਮਕ ਜੀਵਨ ਵਾਲਾ ਨਾਮ-ਰਸ ਪੀਂਦੀ ਰਹੁ।1। ਰਹਾਉ।

(ਹੇ ਭਾਈ!) ਆਪਣੇ ਮਨ ਵਿਚ ਪਰਮਾਤਮਾ ਦੇ ਸੋਹਣੇ ਚਰਨ ਵਸਾਈ ਰੱਖ। ਪਰਮਾਤਮਾ ਦਾ ਨਾਮ ਸਿਮਰਿਆਂ ਮਨ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ।1।

(ਹੇ ਭਾਈ! ਜੇਹੜੇ ਮਨੁੱਖ ਸਭ ਤੋਂ ਸ੍ਰੇਸ਼ਟ ਆਤਮਕ ਆਨੰਦ ਦੇ ਮਾਲਕ-ਪ੍ਰਭੂ ਦਾ ਨਾਮ ਜਪਦੇ ਹਨ, ਉਹ ਆਤਮਕ ਜੀਵਨ ਹਾਸਲ ਕਰ ਲੈਂਦੇ ਹਨ, ਉਹਨਾਂ ਦੇ ਅੰਦਰ ਆਤਮਕ ਅਡੋਲਤਾ ਦੇ ਵੱਡੇ ਸੁਖ ਆਨੰਦ ਬਣੇ ਰਹਿੰਦੇ ਹਨ।2।

(ਹੇ ਭਾਈ! ਨਾਮ-ਰਸ ਪੀਣ ਵਾਲੇ ਮਨੁੱਖ ਆਪਣੇ ਅੰਦਰੋਂ) ਕਾਮ, ਕਰੋਧ, ਲੋਭ, ਅਹੰਕਾਰ (ਆਦਿਕ ਵਿਕਾਰ) ਨਾਸ ਕਰ ਲੈਂਦੇ ਹਨ। ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ (ਆਪਣੇ ਮਨ ਵਿਚੋਂ) ਸਾਰੇ ਪਾਪ ਧੋ ਲੈਂਦੇ ਹਨ।3।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਮਿਹਰ ਕਰ ਤੇ ਨਾਨਕ ਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼।4।75।144।